# Press Note

**Jagat Guru Nanak Dev**
**Punjab State Open University, Patiala**
(Established by Act No.19 of 2019 of Legislature of the State of Punjab)

**PSOU/PRO/2026/219** **Date: 10-02-2026**

## JGND PSOU ਰੀਜਨਲ ਸੈਂਟਰ ਵਿੱਖੇ "ਨਸ਼ਿਆਂ ਵਿਰੁੱਧ ਯੁੱਧ" ਮੁਹਿੰਮ

ਸ਼੍ਰੀ ਗੁਲਾਬ ਚੰਦ ਕਟਾਰੀਆ, ਮਾਣਯੋਗ ਰਾਜਪਾਲ ਪੰਜਾਬ, ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਪ੍ਰੋ. (ਡਾ.) ਰਤਨ ਸਿੰਘ, ਵਾਈਸ-ਚਾਂਸਲਰ, ਦੀ ਯੋਗ ਅਗਵਾਈ ਹੇਠ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਦੇ ਰੀਜਨਲ ਸੈਂਟਰ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ, ਸਰਹਾਲੀ ਵਿਖੇ ਨਸ਼ਿਆਂ ਵਿਰੁੱਧ ਯੁੱਧ ਤਹਿਤ ਜਾਗਰੂਕਤਾ ਮੁਹਿਮ ਚਲਾਈ ਗਈ। ਨਸ਼ਿਆਂ ਵਿਰੁੱਧ ਯੁੱਧ ਜਾਗਰੂਕਤਾ ਮੁਹਿੰਮ ਦੇ ਇਸ ਦੂਜੇ ਗੇੜ ਵਿੱਚ ਤਰਨਤਾਰਨ, ਫਿਰੋਜ਼ਪੁਰ ਅਤੇ ਫਾਜ਼ਿਲਕਾ ਦੇ ਸਰਹੱਦੀ ਜ਼ਿਲਿਆਂ 'ਚ ਚਾਰ-ਰੋਜ਼ਾ ਜਾਗਰੂਕਤਾ ਪੈਦਲ ਯਾਤਰਾ ਕੱਢੀ ਗਈ। ਪ੍ਰੋ. (ਡਾ.) ਰਤਨ ਸਿੰਘ ਨੇ ਕਿਹਾ ਕਿ, "ਇਸ ਪਦਯਾਤਰਾ ਦਾ ਮੂਲ ਉਦੇਸ਼ ਨੌਜਵਾਨਾਂ ਅਤੇ ਆਮ ਜਨਤਾ ਵਿੱਚ ਨਸ਼ਿਆਂ ਦੇ ਖ਼ਿਲਾਫ਼ ਜਾਗਰੂਕਤਾ ਪੈਦਾ ਕਰਨਾ ਅਤੇ ਸਿਹਤਮੰਦ ਤੇ ਸਕਾਰਾਤਮਕ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨਾ ਸੀ।"ਯੂਨੀਵਰਸਿਟੀ ਵੱਲੋਂ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਸਿੱਖਿਆ ਰਾਹੀਂ ਨਸ਼ਾ ਦੀ ਰੋਕਥਾਮ ਵਿੱਚ ਅਹਿੰਮ ਭੂਮਿਕਾ ਨਿਭਾ ਰਹੀ ਹੈ।

ਇਸ ਪਦਯਾਤਰਾ ਦਾ ਮਨੋਰਥ ਵਿਦਿਆਰਥੀਆਂ ਵਿੱਚ ਸਹਿਯੋਗ, ਏਕਤਾ ਅਤੇ ਸਮਾਜ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ। ਵਿਦਿਆਰਥੀਆਂ ਵੱਲੋਂ "ਨਸ਼ਾ ਛੱਡੋ, ਜੀਵਨ ਜੋੜੋ", "ਤੰਦਰੁਸਤ ਪੰਜਾਬ, ਨਸ਼ਾ ਮੁਕਤ ਪੰਜਾਬ" ਅਤੇ "ਨੌਜਵਾਨੀ ਬਚਾਓ, ਪੰਜਾਬ ਬਚਾਓ" ਦੇ ਨਾਅਰੇ ਲਾਏ ਗਏ। ਇਸ ਦੌਰਾਨ ਕਾਲਜ ਦੇ ਪ੍ਰਿੰਸੀਪਲ ਡਾ. ਜਸਬੀਰ ਸਿੰਘ, ਡਾ. ਅਮਨਦੀਪ ਸਿੰਘ, ਡਾ. ਭਗਵੰਤ ਕੌਰ, ਮੈਡਮ ਅੰਮ੍ਰਿਤਪਾਲ ਕੌਰ, ਮੈਡਮ ਰਾਜਵਿੰਦਰ ਕੌਰ, ਪ੍ਰੋ. ਕਿਰਤਪ੍ਰੀਤ ਸਿੰਘ ਅਤੇ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਪਟਿਆਲਾ ਤੋਂ ਡਾ. ਅਮਰਜੀਤ ਸਿੰਘ, ਡਾ. ਰਵੀਦਿੱਤ ਸਿੰਘ ਸਮੇਤ ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਨਸ਼ਾ ਮੁਕਤ ਸਮਾਜ ਦੀ ਸਥਾਪਨਾ ਲਈ ਸੰਕਲਪ ਲਿਆ। ਇਸ ਮੁਹਿੰਮ ਵਿੱਚ ਲਗਭਗ 200 ਵਿਦਿਆਰਥੀਆਂ ਨੇ ਬੜੇ ਜੋਸ਼ ਅਤੇ ਉਤਸ਼ਾਹ ਨਾਲ ਪਦਯਾਤਰਾ ਵਿੱਚ ਸ਼ਮੂਲੀਅਤ ਕੀਤੀ।

10/02/202

ਡਾਇਰੈਕਟਰ
ਲੋਕ ਸੰਪਰਕ

Director-Public Relations Cell
Jagat Guru Nanak Dev
Punjab State Open University
Patiala – 147001(PB) INDIA

**News Clips**

THU,12 FEBRUARY 2026
EDITION: PATIALA BANI, PAGE NO. 4

जग बाणी
ई-पेपर

# ਸਟੇਟ ਓਪਨ ਯੂਨੀਵਰਸਿਟੀ ਵੱਲੋਂ ਦੂਜੇ ਦਿਨ ਨਸ਼ਾ ਵਿਰੋਧੀ ਰੈਲੀ



*ਯੂਨੀਵਰਸਿਟੀ ਵਲੋਂ ਕੱਢੀ ਗਈ ਨਸ਼ਾ ਵਿਰੋਧੀ ਰੈਲੀ ਦਾ ਦ੍ਰਿਸ਼।* (ਸੁੰਦਰ)

ਪਟਿਆਲਾ, 11 ਫਰਵਰੀ (ਰਾਜੇਸ਼ ਪੰਜੌਲਾ)– ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਵੱਲੋਂ ਰਾਜ ਪੱਧਰੀ 'ਨਸ਼ਿਆਂ ਵਿਰੁੱਧ ਜੰਗ' ਮੁਹਿੰਮ 'ਚ ਆਪਣਾ ਯੋਗਦਾਨ ਤੇਜ਼ ਕਰ ਦਿੱਤਾ ਗਿਆ ਹੈ। ਜੇ. ਜੀ. ਐੱਨ. ਡੀ. ਪੀ. ਐੱਸ. ਓ. ਯੂ. ਦੇ ਵਾਈਸ ਚਾਂਸਲਰ ਪ੍ਰੋ. (ਡਾ.) ਰਤਨ ਸਿੰਘ, ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵੱਲੋਂ ਸ਼ੁਰੂ ਕੀਤੀ ਗਈ 4 ਦਿਨਾ ਨਸ਼ਾ ਵਿਰੋਧੀ ਮਾਰਚ 'ਚ ਸ਼ਾਮਲ ਹੋਏ।

ਸਮਾਗਮ ਦੌਰਾਨ ਯੂਨੀਵਰਸਿਟੀ ਦੀ ਭਰਵੀਂ ਸ਼ਮੂਲੀਅਤ ਦੇਖਣ ਨੂੰ ਮਿਲੀ। ਜੇ. ਜੀ. ਐੱਨ. ਡੀ. ਪੀ. ਐੱਸ. ਓ. ਯੂ. ਰੀਜ਼ਨਲ ਸੈਂਟਰ, ਫਿਰੋਜ਼ਪੁਰ ਦੀ ਇਕ ਸਮਰਪਿਤ ਟੀਮ ਨੇ ਵਾਈਸ ਚਾਂਸਲਰ ਪ੍ਰੋ. ਰਤਨ ਸਿੰਘ, ਰਜਿਸਟਰਾਰ ਪ੍ਰੋ. (ਡਾ.) ਬਲਜੀਤ ਸਿੰਘ ਖਹਿਰਾ ਅਤੇ ਡਾਇਰੈਕਟਰ ਸੀ. ਆਈ. ਕਿਊ. ਏ. ਡਾ. ਕੁਲਦੀਪ ਵਾਲੀਆ ਦੀ ਅਗਵਾਈ ਹੇਠ ਇਸ ਮਾਰਚ 'ਚ ਹਿੱਸਾ ਲਿਆ। ਨਸ਼ਾ ਵਿਰੋਧੀ ਮਾਰਚ ਦੌਰਾਨ ਆਪਣੇ ਸੰਬੋਧਨ 'ਚ ਪੰਜਾਬ ਦੇ ਮਾਨਯੋਗ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਅਗਲੀ ਪੀੜ੍ਹੀ ਨੂੰ ਸੁਰੱਖਿਅਤ ਰੱਖਣ ਲਈ ਰਾਜ ਅਤੇ ਵਿੱਦਿਅਕ ਸੰਸਥਾਵਾਂ ਦੇ ਸਾਂਝੇ ਫਰਜ਼ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਵਾਤਾਵਰਣ ਪੰਜਾਬ ਦੇ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਲਈ ਬੇਹੱਦ ਜ਼ਰੂਰੀ ਹੈ, ਜੋ ਕਿ ਦੇਸ਼ ਦੀ ਅਸਲ ਤਾਕਤ ਹਨ।

ਇਸ ਵਿਜ਼ਨ ਨਾਲ ਇਕਜੁੱਟਤਾ ਪ੍ਰਗਟਾਉਂਦਿਆਂ ਵਾਈਸ-ਚਾਂਸਲਰ ਪ੍ਰੋ. (ਡਾ.) ਰਤਨ ਸਿੰਘ ਨੇ ਕਿਹਾ ਕਿ ਯੂਨੀਵਰਸਿਟੀ ਦਾ ਉਦੇਸ਼ ਕੇਵਲ ਅਕਾਦਮਿਕ ਸਿੱਖਿਆ ਤੱਕ ਸੀਮਤ ਨਹੀਂ ਹੈ, ਸਗੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਨੂੰ ਯਕੀਨੀ ਬਣਾਉਣਾ ਹੈ। ਇਸ ਸੁਪਨੇ ਨੂੰ ਹਕੀਕਤ 'ਚ ਬਦਲਣ ਲਈ, ਯੂਨੀਵਰਸਿਟੀ ਪੰਜਾਬ ਦੇ ਸਰਹੱਦੀ ਜ਼ਿਲਿਆਂ 'ਚ ਵਿਸ਼ੇਸ਼ ਤੌਰ 'ਤੇ ਆਪਣੀਆਂ ਗਤੀਵਿਧੀਆਂ ਤੇਜ਼ ਕਰ ਰਹੀ ਹੈ ਤਾਂ ਜੋ ਸਥਾਨਕ ਭਾਈਚਾਰਿਆਂ ਨੂੰ ਸਸ਼ਕਤ ਬਣਾਇਆ ਜਾ ਸਕੇ ਅਤੇ ਇਕ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ।

# 'ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸੰਤ ਕਬੀਰ ਕਾਲਜ ਤੇ ਤਿੰਨ ਯੂਨੀਵਰਸਿਟੀਆਂ ਦੇ ਵਾਈਸ ਚਾਂਸਲਰਾਂ ਨੇ ਜਾਗਰੂਕਤਾ ਰੈਲੀ 'ਚ ਕੀਤੀ ਸ਼ਮੂਲੀਅਤ

ਜ਼ੀਰਾ, 11 ਫਰਵਰੀ (ਅਕਾਲੀਆਂਵਾਲਾ)–ਪੰਜਾਬ ਦੇ ਗਵਰਨਰ ਗੁਲਾਬ ਚੰਦ ਕਟਾਰੀਆ ਵੱਲੋਂ ਪੰਜਾਬ 'ਚੋਂ ਨਸ਼ਿਆਂ ਦੇ ਖਾਤਮੇ ਲਈ ਸਰਹੱਦੀ ਜ਼ਿਲਾ ਫਿਰੋਜ਼ਪੁਰ ਵਿਖੇ ਕੱਢੀ ਗਈ ਪੈਦਲ ਯਾਤਰਾ ਦੌਰਾਨ ਸੰਤ ਕਬੀਰ ਕਾਲਜ ਜ਼ੀਰਾ ਅਤੇ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਇਸ ਯਾਤਰਾ 'ਚ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਦੇ ਮਾਨਯੋਗ ਵਾਈਸ ਚਾਂਸਲਰ ਡਾ. ਰਤਨ ਸਿੰਘ ਦੀ ਅਗਵਾਈ ਹੇਠ ਸੰਤ ਕਬੀਰ ਕਾਲਜ ਜ਼ੀਰਾ ਦੇ ਲੱਗਭਗ 400 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।

ਵਿਦਿਆਰਥੀਆਂ ਨੇ 'ਸੇ ਨੋ ਟੂ ਡਰੱਗਜ਼' ਦੇ ਬੈਨਰ ਹੇਠ ਨਸ਼ਿਆਂ ਖਿਲਾਫ ਜ਼ੋਰਦਾਰ ਸਲੋਗਨਬਾਜ਼ੀ ਕੀਤੀ ਅਤੇ ਸਮਾਜ 'ਚ ਨਸ਼ਾ-ਮੁਕਤ ਵਾਤਾਵਰਣ ਬਣਾਉਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਵੱਲੋਂ ਨਸ਼ਿਆਂ ਦੇ ਖਿਲਾਫ ਸਹੁੰ ਚੁੱਕਦਿਆਂ ਜਾਗਰੂਕਤਾ ਫੈਲਾਉਣ ਦਾ ਸੰਕਲਪ ਵੀ ਲਿਆ ਗਿਆ।



ਗਵਰਨਰ ਪੰਜਾਬ ਗੁਲਾਬ ਚੰਦ ਕਟਾਰੀਆ ਵੱਲੋਂ ਨਸ਼ਿਆਂ ਵਿਰੁੱਧ ਕੱਢੇ ਪੈਦਲ ਮਾਰਚ 'ਚ ਹਿੱਸਾ ਲੈਂਦੇ ਵਾਈਸ ਚਾਂਸਲਰ। (ਅਕਾਲੀਆਂਵਾਲਾ)

ਇਸ ਮੌਕੇ ਵਾਈਸ ਚਾਂਸਲਰ ਪ੍ਰੋਫੈਸਰ ਡਾ. ਰਤਨ ਸਿੰਘ ਨੇ ਆਪਣੇ ਸੰਬੋਧਨ 'ਚ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ।

ਉਨ੍ਹਾਂ ਕਿਹਾ ਕਿ ਸਿੱਖਿਆ ਸੰਸਥਾਵਾਂ ਸਿਰਫ ਅਕਾਦਮਿਕ ਸਿੱਖਿਆ ਨਹੀਂ ਦਿੰਦੀਆਂ ਸਗੋਂ ਵਿਦਿਆਰਥੀਆਂ 'ਚ ਚੰਗੇ ਸੰਸਕਾਰ ਅਤੇ ਸਿਹਤਮੰਦ ਜੀਵਨ ਸ਼ੈਲੀ ਦੀ ਪ੍ਰੇਰਣਾ ਵੀ ਪੈਦਾ ਕਰਦੀਆਂ ਹਨ।

ਰੈਲੀ ਦੌਰਾਨ ਰਾਜੀਵ ਗਾਂਧੀ ਨੈਸ਼ਨਲ ਲਾਅ ਯੂਨੀਵਰਸਿਟੀ ਪਟਿਆਲਾ ਦੇ ਵਾਈਸ ਚਾਂਸਲਰ ਪ੍ਰੋ. ਡਾ. ਜੈ ਸ਼ੰਕਰ ਸਿੰਘ ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਵਾਈਸ ਚਾਂਸਲਰ ਡਾ. ਸਤਬੀਰ ਸਿੰਘ ਗੋਸਲ ਨੇ ਵੀ ਵਿਸ਼ੇਸ਼ ਤੌਰ 'ਤੇ ਭਾਗ ਲਿਆ। ਉਨ੍ਹਾਂ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਕਾਨੂੰਨੀ ਸੂਝ-ਬੂਝ ਵਧਾਉਣ ਅਤੇ ਸਮਾਜਿਕ ਜ਼ਿੰਮੇਵਾਰੀਆਂ ਨਿਭਾਉਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਬਲਜੀਤ ਸਿੰਘ ਖੈਰਾ ਨੇ ਵੀ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਆਪਣੇ ਜੀਵਨ ਦੇ ਉੱਚੇ ਲਕਸ਼ ਨਿਰਧਾਰਤ ਕਰਨ ਦੀ ਅਪੀਲ ਕੀਤੀ।

ਇਸ ਦੌਰਾਨ ਸੰਤ ਕਬੀਰ ਕਾਲਜ ਜ਼ੀਰਾ ਦੇ ਚੇਅਰਮੈਨ ਗੁਰਚਰਨ ਸਿੰਘ, ਡਾਇਰੈਕਟਰ ਡਾ. ਸੁਖਦੇਵ ਸਿੰਘ, ਪ੍ਰਿੰਸੀਪਲ ਡਾ. ਵੀਰਪਾਲ ਅਤੇ ਸਟਾਫ ਮੈਂਬਰਾਂ ਨੇ ਇਸ ਮੁਹਿੰਮ ਨੂੰ ਪੂਰਾ ਸਮਰਥਨ ਦਿੰਦਿਆਂ ਕਿਹਾ ਕਿ ਸੰਤ ਕਬੀਰ ਕਾਲਜ ਹਮੇਸ਼ਾ ਸਮਾਜਿਕ ਮੁੱਦਿਆਂ 'ਤੇ ਅਗਵਾਈ ਕਰਦਾ ਆ ਰਿਹਾ ਹੈ ਅਤੇ ਭਵਿੱਖ 'ਚ ਵੀ ਅਜਿਹੇ ਜਾਗਰੂਕਤਾ ਪ੍ਰੋਗਰਾਮ ਜਾਰੀ ਰਹਿਣਗੇ। ਅੰਤ 'ਚ ਵਿਦਿਆਰਥੀਆਂ ਵੱਲੋਂ ਨਸ਼ਾ-ਮੁਕਤ ਸਮਾਜ ਦੀ ਸਥਾਪਨਾ ਲਈ ਇਕਜੁੱਟ ਹੋ ਕੇ ਕੰਮ ਕਰਨ ਦਾ ਸੰਦੇਸ਼ ਦਿੱਤਾ ਗਿਆ।

# नशों के विरुद्ध अभियान के तहत संत कबीर कॉलेज व 3 विश्वविद्यालयों के वाइस चांसलरों ने जागरूकता रैली में भागीदारी की

जीरा, 11 फरवरी (अकालियां वाला) : पंजाब के गवर्नर गुलाब चंद कटारिया द्वारा पंजाब में नशों के खात्मे के लिए सीमावर्ती जिला फिरोजपुर में निकाली गई पैदल यात्रा के दौरान संत कबीर कॉलेज जीरा और जगत गुरु नानक देव पंजाब स्टेट ओपन यूनिवर्सिटी ने विशेष रूप से भागीदारी की।

इस यात्रा में जगत गुरु नानक देव पंजाब स्टेट ओपन यूनिवर्सिटी के माननीय वाइस चांसलर डॉ. रतन सिंह के नेतृत्व में संत कबीर कॉलेज जीरा के लगभग 400 विद्यार्थियों ने उत्साह के साथ हिस्सा लिया।

विद्यार्थियों ने 'से नो टू ड्रग्स' के बैनर तले नशों के खिलाफ जोरदार नारेबाजी की और समाज में नशा-मुक्त वातावरण बनाने का संदेश दिया। इस अवसर पर विद्यार्थियों और स्टाफ सदस्यों ने नशों के खिलाफ शपथ लेते हुए जागरूकता फैलाने का संकल्प भी लिया।

वाइस चांसलर प्रोफेसर डॉ. रतन सिंह ने अपने संबोधन में कहा कि युवा पीढ़ी को नशों से बचाना समय की सबसे बड़ी आवश्यकता है। उन्होंने कहा कि शिक्षण संस्थान केवल अकादमिक शिक्षा ही नहीं देते बल्कि विद्यार्थियों में अच्छे संस्कार और स्वस्थ जीवनशैली की प्रेरणा भी उत्पन्न करते हैं।



*पंजाब के गवर्नर द्वारा नशों के विरूद्ध निकाले पैदल मार्च में हिस्सा लेते वाइस चांसलर।* *(अकालियां वाला)*

रैली के दौरान राजीव गांधी नेशनल लॉ यूनिवर्सिटी पटियाला के वाइस चांसलर प्रो. डॉ. जय शंकर सिंह तथा पंजाब कृषि विश्वविद्यालय लुधियाना के वाइस चांसलर डॉ. सतबीर सिंह गोसल ने भी विशेष रूप से भाग लिया। उन्होंने युवाओं को नशों से दूर रहने, कानूनी समझ बढ़ाने और सामाजिक जिम्मेदारियां निभाने के लिए प्रेरित किया।

जगत गुरु नानक देव पंजाब स्टेट ओपन यूनिवर्सिटी के रजिस्ट्रार डॉ. बलजीत सिंह खैरा ने भी विद्यार्थियों से नशों से दूर रहने और अपने जीवन के उच्च लक्ष्य निर्धारित करने की अपील की।

इस दौरान संत कबीर कॉलेज जीरा के चेयरमैन गुरचरण सिंह, डायरैक्टर डॉ. सुखदेव सिंह, प्रिंसीपल डॉ. वीरपाल तथा स्टाफ सदस्यों ने इस अभियान को पूर्ण समर्थन देते हुए कहा कि संत कबीर कॉलेज हमेशा सामाजिक मुद्दों पर अग्रणी भूमिका निभाता आ रहा है।

भविष्य में भी ऐसे जागरूकता कार्यक्रम जारी रहेंगे। अंत में विद्यार्थियों द्वारा नशा-मुक्त समाज की स्थापना के लिए एकजुट होकर कार्य करने का संदेश दिया गया।

ਮੁਕਾਬਲਿਆਂ ਵਿੱਚ ਗੁਰਲੀਨ ਸੈਣੀ ਅਤੇ ਚਰਨਜੀਤ ਸਿੰਘ , ਅਤੇ ਹਾਜ਼ਰੀਨ ਨੂੰ ਲੱਡੂ ਵੰਡੇ ਗਏ।

# ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਦੇ ਰੀਜਨਲ ਸੈਂਟਰ ਸਰਹਾਲੀ ਵੱਲੋਂ ਨਸ਼ਾ ਵਿਰੋਧੀ ਜਾਗਰੂਕਤਾ ਮਾਰਚ ਦਾ ਆਯੋਜਨ





ਸਮਾਣਾ 10 ਫਰਵਰੀ: ( ਸ਼ਾਮ ਬਜਾਜ)ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਵੱਲੋਂ ਨੌਜਵਾਨਾਂ ਵਿੱਚ ਸਿਹਤਮੰਦ ਅਤੇ ਸਕਾਰਾਤਮਕ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨ ਲਈ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ, ਸਰਹਾਲੀ ਸਥਿਤ ਯੂਨੀਵਰਸਿਟੀ ਦੇ ਰੀਜਨਲ ਸੈਂਟਰ ਵਿਖੇ ਨਸ਼ਿਆਂ ਵਿਰੁੱਧ ਇੱਕ ਪ੍ਰਭਾਵਸ਼ਾਲੀ ਜਾਗਰੂਕਤਾ ਮਾਰਚ ਕੱਢਿਆ ਗਿਆ। ਇਹ ਸਮਾਗਮ ਪੰਜਾਬ ਦੇ ਮਾਨਯੋਗ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ ਅਤੇ ਵਾਈਸ-ਚਾਂਸਲਰ ਪ੍ਰੋ. (ਡਾ.) ਰਤਨ ਸਿੰਘ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਮਾਰਚ ਵਿੱਚ ਯੂਨੀਵਰਸਿਟੀ ਅਤੇ ਰੀਜਨਲ ਸੈਂਟਰ ਦੇ 200 ਤੋਂ ਵੱਧ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਹਿੱਸਾ ਲਿਆ।

ਆਪਣੇ ਸੰਬੋਧਨ ਵਿੱਚ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਨੌਜਵਾਨਾਂ ਦੇ ਭਵਿੱਸ਼ ਨੂੰ ਸੁਰੱਖਿਅਤ ਰੱਖਣ ਲਈ ਸੂਬਾ ਸਰਕਾਰ ਅਤੇ ਯੂਨੀਵਰਸਿਟੀ ਦੀ ਵਚਨਬੱਧਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ, ÷ਨੌਜਵਾਨ ਸਾਡੇ ਦੇਸ਼ ਦੀ ਅਸਲ ਤਾਕਤ ਅਤੇ ਭਵਿੱਖ ਹਨ। ਪੰਜਾਬ ਦੇ ਸਰਵਪੱਖੀ ਵਿਕਾਸ ਅਤੇ ਤਰੱਕੀ ਲਈ ਨਸ਼ਾ ਮੁਕਤ ਵਾਤਾਵਰਣ ਬਹੁਤ ਜ਼ਰੂਰੀ ਹੈ।÷ ਵਾਈਸ-ਚਾਂਸਲਰ ਪ੍ਰੋ. (ਡਾ.) ਰਤਨ ਸਿੰਘ ਨੇ ਕਿਹਾ ਕਿ ਯੂਨੀਵਰਸਿਟੀ ਦਾ ਉਦੇਸ਼ ਸਿਰਫ਼ ਸਿੱਖਿਆ ਤੱਕ ਸੀਮਤ ਨਹੀਂ ਹੈ, ਸਗੋਂ ਨਸ਼ਿਆਂ ਦਾ ਮੁਕੰਮਲ ਖ਼ਾਤਮਾ ਕਰਨਾ ਵੀ ਹੈ। ਉਨ੍ਹਾਂ ਦੱਸਿਆ ਕਿ ਯੂਨੀਵਰਸਿਟੀ ਖ਼ਾਸ ਤੌਰ 'ਤੇ ਪੰਜਾਬ ਦੇ ਸਰਹੱਦੀ ਜ਼ਿਲ੍ਹਿਆਂ ਵਿੱਚ ਲੋਕਾਂ ਨੂੰ ਸ਼ਕਤੀਸ਼ਾਲੀ ਬਣਾਉਣ ਅਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਆਪਣੇ ਯਤਨਾਂ ਨੂੰ ਤੇਜ਼ ਕਰ ਰਹੀ ਹੈ।

ਇਸ ਮੌਕੇ ਯੂਨੀਵਰਸਿਟੀ ਦੇ ਨੁਮਾਇੰਦਿਆਂ ਡਾ. ਅਮਰਜੀਤ ਸਿੰਘ ਤੇ ਡਾ. ਰਵਿਦਿੱਤ ਸਿੰਘ ਅਤੇ ਰੀਜਨਲ ਸੈਂਟਰ ਸਰਹਾਲੀ ਦੇ ਫੈਕਲਟੀ ਮੈਂਬਰਾਂ ਨੇ ਵਿਦਿਆਰਥੀਆਂ ਦੇ ਨਾਲ ਮਿਲ ਕੇ ਇੱਕ ਸੁਰੱਖਿਅਤ ਅਤੇ ਨਸ਼ਾ ਮੁਕਤ ਅਕਾਦਮਿਕ ਅਤੇ ਸਮਾਜਿਕ ਵਾਤਾਵਰਣ ਬਣਾਉਣ ਦਾ ਪ੍ਰਣ ਲਿਆ। ਜੀ.ਜੀ.ਐਸ. ਖ਼ਾਲਸਾ ਕਾਲਜ ਦੇ ਪ੍ਰਿੰਸੀਪਲ ਡਾ. ਜਸਬੀਰ ਸਿੰਘ ਨੇ ਮਾਰਚ ਦੇ ਉਦੇਸ਼ਾਂ 'ਤੇ ਚਾਨਣਾ ਪਾਇਆ ਅਤੇ ਇੱਕ ਜ਼ਿੰਮੇਵਾਰ ਤੇ ਨਸ਼ਾ ਮੁਕਤ ਸਮਾਜ ਦੀ ਲੋੜ 'ਤੇ ਜ਼ੋਰ ਦਿੱਤਾ।



ਗਵਰਨਰ ਪੰਜਾਬ ਗੁਲਾਬ ਚੰਦ ਕਟਾਰੀਆ ਵਲੋਂ ਸਰਹੱਦੀ ਜ਼ਿਲ੍ਹੇ ਫ਼ਿਰੋਜ਼ਪੁਰ ਵਿਖੇ ਨਸ਼ਿਆਂ ਵਿਰੁੱਧ ਕੱਢੇ ਗਏ ਪੈਦਲ ਮਾਰਚ ਵਿਚ ਹਿੱਸਾ ਲੈਂਦੇ ਹੋਏ ਵਾਈਸ ਚਾਂਸਲਰ ਡਾ. ਰਤਨ ਸਿੰਘ ਵਾਈਸ ਚਾਂਸਲਰ, ਪ੍ਰੋ. ਡਾ. ਜੈ ਸ਼ੰਕਰ ਸਿੰਘ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਵਾਈਸ ਚਾਂਸਲਰ ਡਾ. ਸਤਬੀਰ ਸਿੰਘ ਗੋਸਲ ਅਤੇ ਡਾ. ਸੁਖਦੇਵ ਸਿੰਘ। ਅਜੀਤ ਤਸਵੀਰ

# ਨਸ਼ਿਆਂ ਖ਼ਿਲਾਫ਼ ਸੰਤ ਕਬੀਰ ਕਾਲਜ ਅਤੇ 3 ਵਾਈਸ ਚਾਂਸਲਰਾਂ ਨੇ ਰੈਲੀ 'ਚ ਕੀਤੀ ਸ਼ਿਰਕਤ

ਜ਼ੀਰਾ, 11 ਫਰਵਰੀ (ਰਜਨੀਸ਼ ਕਥੂਰੀਆ)- ਪੰਜਾਬ ਦੇ ਗਵਰਨਰ ਗੁਲਾਬ ਚੰਦ ਕਟਾਰੀਆ ਵਲੋਂ ਸਰਹੱਦੀ ਜ਼ਿਲ੍ਹੇ ਫ਼ਿਰੋਜ਼ਪੁਰ ਵਿਖੇ ਪੰਜਾਬ ਵਿਚੋਂ ਨਸ਼ਿਆਂ ਦੇ ਖ਼ਾਤਮੇ ਲਈ ਕੱਢੀ ਗਈ ਪੈਦਲ ਯਾਤਰਾ 'ਚ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਅਤੇ ਸੰਤ ਕਬੀਰ ਕਾਲਜ ਜ਼ੀਰਾ 'ਚ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਰਤਨ ਸਿੰਘ ਦੀ ਅਗਵਾਈ ਹੇਠ ਸੰਤ ਕਬੀਰ ਕਾਲਜ ਜ਼ੀਰਾ ਦੇ 400 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ 'ਸੇ.ਨੋ.ਟੂ ਡਰੱਗਜ਼' ਦੇ ਬੈਨਰ ਹੇਠ ਨਸ਼ਿਆਂ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਇਸ ਮੌਕੇ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਨੇ ਨਸ਼ਿਆਂ ਦੇ ਖ਼ਿਲਾਫ਼ ਸਹੁੰ ਚੁੱਕਦਿਆਂ ਸਮਾਜ ਵਿਚ ਜਾਗਰੂਕਤਾ ਫੈਲਾਉਣ ਦਾ ਸੰਕਲਪ ਵੀ ਲਿਆ। ਇਸ ਮੌਕੇ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋਫੈਸਰ ਡਾ. ਰਤਨ ਸਿੰਘ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਉਨ੍ਹਾਂ ਜ਼ੋਰ ਦਿੱਤਾ ਕਿ ਸਿੱਖਿਆ ਸੰਸਥਾਵਾਂ ਸਿਰਫ਼ ਅਕਾਦਮਿਕ ਸਿੱਖਿਆ ਹੀ ਨਹੀਂ ਦਿੰਦੀਆਂ, ਸਗੋਂ ਵਿਦਿਆਰਥੀਆਂ ਵਿਚ ਚੰਗੇ ਸੰਸਕਾਰ ਅਤੇ ਸਿਹਤਮੰਦ ਜੀਵਨ ਸ਼ੈਲੀ ਦੀ ਪ੍ਰੇਰਨਾ ਵੀ ਪੈਦਾ ਕਰਦੀਆਂ ਹਨ। ਇਸ ਰੈਲੀ ਦੌਰਾਨ ਰਾਜੀਵ ਗਾਂਧੀ ਨੈਸ਼ਨਲ ਲਾਅ ਯੂਨੀਵਰਸਿਟੀ ਪਟਿਆਲਾ ਦੇ ਵਾਈਸ ਚਾਂਸਲਰ ਪ੍ਰੋ. ਡਾ. ਜੈ ਸ਼ੰਕਰ ਸਿੰਘ ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਵਾਈਸ ਚਾਂਸਲਰ ਡਾ. ਸਤਬੀਰ ਸਿੰਘ ਗੋਸਲ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਉਨ੍ਹਾਂ ਆਪਣੇ ਸੰਬੋਧਨ 'ਚ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਕਾਨੂੰਨੀ ਸੂਝਬੂਝ ਵਧਾਉਣ ਅਤੇ ਸਮਾਜਿਕ ਜ਼ਿੰਮੇਵਾਰੀਆਂ ਨੂੰ ਨਿਭਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਬਲਜੀਤ ਸਿੰਘ ਖੈਰਾ ਨੇ ਵੀ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਆਪਣੇ ਜੀਵਨ ਦੇ ਉੱਚੇ ਲਕਸ਼ ਨਿਰਧਾਰਿਤ ਕਰਨ ਦੀ ਅਪੀਲ ਕੀਤੀ। ਇਸ ਦੌਰਾਨ ਸੰਤ ਕਬੀਰ ਕਾਲਜ ਜ਼ੀਰਾ ਦੇ ਚੇਅਰਮੈਨ ਗੁਰਚਰਨ ਸਿੰਘ, ਡਾਇਰੈਕਟਰ ਡਾ. ਸੁਖਦੇਵ ਸਿੰਘ, ਪ੍ਰਿੰਸੀਪਲ ਡਾ. ਵੀਰਪਾਲ ਅਤੇ ਸਟਾਫ਼ ਮੈਂਬਰਾਂ ਨੇ ਇਸ ਮੁਹਿੰਮ ਨੂੰ ਪੂਰਾ ਸਮਰਥਨ ਦਿੰਦਿਆਂ ਕਿਹਾ ਕਿ ਸੰਤ ਕਬੀਰ ਕਾਲਜ ਜ਼ੀਰਾ ਹਮੇਸ਼ਾ ਸਮਾਜਿਕ ਮੁੱਦਿਆਂ 'ਤੇ ਅਗਵਾਈ ਕਰਦਾ ਆ ਰਿਹਾ ਹੈ ਅਤੇ ਭਵਿੱਖ 'ਚ ਵੀ ਅਜਿਹੇ ਜਾਗਰੂਕਤਾ ਪ੍ਰੋਗਰਾਮ ਜਾਰੀ ਰਹਿਣਗੇ। ਅੰਤ 'ਚ ਵਿਦਿਆਰਥੀਆਂ ਵਲੋਂ ਨਸ਼ਾ-ਮੁਕਤ ਸਮਾਜ ਦੀ ਸਥਾਪਨਾ ਲਈ ਇਕਜੁੱਟ ਹੋ ਕੇ ਕੰਮ ਕਰਨ ਦਾ ਸੰਦੇਸ਼ ਦਿੱਤਾ ਗਿਆ।

**Photos**








## Links

[https://www.instagram.com/p/DUk8JYfD7bi/?igsh=Y2t3ejQzNGk1M3Az](https://www.instagram.com/p/DUk8JYfD7bi/?igsh=Y2t3ejQzNGk1M3Az)

[https://www.facebook.com/61550941991641/posts/122318176088031399/?mibextid=rS40aB7S9Ucbxw6v](https://www.facebook.com/61550941991641/posts/122318176088031399/?mibextid=rS40aB7S9Ucbxw6v)